# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :18-12-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਅੱਜ ਓਮਾਨ ਦੇ ਸੁਲਤਾਨ ਨੇ , ਓਮਾਨ ਦੇ ਵੱਕਾਰੀ ਨਾਗਰਿਕ ਸਨਮਾਨ, 'ਆਰਡਰ ਆਫ਼ ਓਮਾਨ' ਨਾਲ ਸਨਮਾਨਿਤ ਕੀਤਾ।
- -ਲੋਕ ਸਭਾ ਨੇ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਗਰੰਟੀ ਮਿਸ਼ਨ - ਗ੍ਰਾਮੀਣ: ਵਿਕਸਿਤ ਭਾਰਤ ਦਿਹਾਤੀ ਵਿਕਾਸ ਬਿੱਲ- ਜੀ-ਰਾਮ-ਜੀ-2025 ਪਾਸ ਕੀਤਾ ।
- -ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਫਾਜ਼ਿਲਕਾ 'ਚ ਨਸ਼ਿਆਂ ਖ਼ਿਲਾਫ਼ ਚੱਲ ਰਹੀ ਮੁਹਿੰਮ ਤਹਿਤ ਨੌਜਵਾਨਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਸੰਬੋਧਨ ਕੀਤਾ-ਨਸ਼ਿਆਂ ਤੋਂ ਦੂਰ ਰਹਿਣ ਲਈ ਕੀਤਾ ਪ੍ਰੇਰਿਤ ।
- -ਪੰਜਾਬ ਸਰਕਾਰ ਵਲੋਂ ਸੂਬੇ ਭਰ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਹੁਣ ਤੱਕ 2 ਹਜ਼ਾਰ 900 ਕਰੋੜ ਤੋਂ ਵੱਧ ਦਾ ਨਿਵੇਸ਼ । ਅਤੇ

- -ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਇੱਕ ਕਾਰਟੈਲ ਦਾ ਪਰਦਾਫਾਸ਼ ਕਰਦਿਆਂ ਤਿੰਨ ਤਸਕਰਾਂ ਨੂੰ ਸਾਢੇ 4 ਕਿਲੋ ਹੈਰੋਇਨ ਅਤੇ ਇੱਕ ਪਿਸਤੌਲ ਸਮੇਤ ਕੀਤਾ ਗ੍ਰਿਫਤਾਰ I

------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਅੱਜ ਓਮਾਨ ਦੇ ਸੁਲਤਾਨ ਹੈਥਮ ਬਿਨ ਤਾਰੀਕ ਵੱਲੋਂ, ਓਮਾਨ ਦੇ ਵੱਕਾਰੀ ਨਾਗਰਿਕ ਸਨਮਾਨ, ਆਰਡਰ ਆਫ਼ ਓਮਾਨ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ, ਉਨ੍ਹਾਂ ਨੂੰ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਯੋਗਦਾਨ ਲਈ ਦਿੱਤਾ ਗਿਆ। ਅੱਜ ਸਵੇਰੇ, ਭਾਰਤ ਅਤੇ ਓਮਾਨ ਨੇ ਮਸਕਟ ਵਿੱਚ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ (CEPA) 'ਤੇ ਦਸਤਖਤ ਕੀਤੇ, ਜੋ ਕਿ ਦੁਵੱਲੇ ਸਬੰਧਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਏ। ਇਸ ਸਮਝੌਤੇ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਓਮਾਨ ਦੇ ਸੁਲਤਾਨ ਦੀ ਮੌਜੂਦਗੀ ਵਿੱਚ ਦਸਤਖਤ ਕੀਤੇ ਗਏ। ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਅਤੇ ਓਮਾਨ ਦੇ ਵਣਜ, ਉਦਯੋਗ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ, ਕੈਸ ਬਿਨ ਮੁਹੰਮਦ ਅਲ ਯੂਸਫ਼ ਨੇ ਸਮਝੌਤੇ ਨੂੰ ਰਸਮੀ ਰੂਪ ਦਿੱਤਾ ।ਉਨ੍ਹਾਂ ਕਿਹਾ BYTE:RNU181225

ਵਣਜ ਅਤੇ ਉਦਯੋਗ ਮੰਤਰਾਲੇ ਨੇ ਕਿਹਾ ਕਿ ਇਹ ਸਮਝੌਤਾ ਭਾਰਤ ਦੇ

ਕਿਰਤ-ਅਧਾਰਤ ਖੇਤਰਾਂ ਲਈ ਇੱਕ ਮਹੱਤਵਪੂਰਨ ਮੌਕਾ ਹੋਵੇਗਾ । ਇਹ ਓਮਾਨ ਦਾ 20 ਸਾਲਾਂ ਬਾਅਦ ਇੱਕ ਦੇਸ਼ ਨਾਲ ਦੂਜਾ ਮੁਕਤ ਵਪਾਰ ਸਮਝੌਤਾ (FTA) ਏ, ਜੋ ਸਿੱਧੇ ਤੌਰ 'ਤੇ ਦਰਸਾਉਂਦਾ ਏ ਕਿ ਓਮਾਨ ਇੱਕ ਦੋਸਤਾਨਾ ਦੇਸ਼ ਵਜੋਂ ਭਾਰਤ ਨੂੰ ਕਿੰਨਾ ਮਹੱਤਵ ਦਿੰਦਾ ਏ। ਇਹ ਵਧੇਰੇ ਨੌਕਰੀਆਂ ਅਤੇ ਦੋਵਾਂ ਦੇਸ਼ਾਂ ਲਈ ਵਧੇਰੇ ਆਰਥਿਕ ਮੌਕੇ ਪੈਦਾ ਕਰੇਗਾ। ਦੋਵਾਂ ਦੇਸ਼ਾਂ ਨੇ ਸਮੁੰਦਰੀ ਵਿਰਾਸਤ, ਸਿੱਖਿਆ, ਖੇਤੀਬਾੜੀ ਅਤੇ ਬਾਜਰੇ ਦੀ ਕਾਸ਼ਤ ਵਰਗੇ ਖੇਤਰਾਂ ਵਿੱਚ ਸਮਝੌਤਿਆਂ 'ਤੇ ਵੀ ਦਸਤਖਤ ਕੀਤੇ । ਦੋਵਾਂ ਨੇਤਾਵਾਂ ਨੇ Royal Palace ਵਿਖੇ ਰਣਨੀਤਕ ਮੁੱਦਿਆਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਬਹੁਪੱਖੀ ਭਾਰਤ-ਓਮਾਨ ਰਣਨੀਤਕ ਭਾਈਵਾਲੀ ਦੀ ਵਿਆਪਕ ਸਮੀਖਿਆ ਕੀਤੀ ਅਤੇ ਦੁਵੱਲੇ ਸਬੰਧਾਂ ਵਿੱਚ ਨਿਰੰਤਰ ਵਾਧੇ ਦੀ ਸ਼ਲਾਘਾ ਕੀਤੀ । ਇਹ ਦੌਰਾ ਭਾਰਤ-ਓਮਾਨ ਸਬੰਧਾਂ ਲਈ ਵਿਸ਼ੇਸ਼ ਮਹੱਤਵ ਰੱਖਦਾ ਏ ਕਿਉਂਕਿ ਦੋਵੇਂ ਦੇਸ਼, ਇਸ ਸਾਲ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੇ 70 ਸਾਲ ਮਨਾ ਰਹੇ ਨੇ।
ਦੋਵਾਂ ਨੇ ਰੱਖਿਆ, ਵਪਾਰ ਅਤੇ ਨਿਵੇਸ਼, ਊਰਜਾ, ਖੇਤੀਬਾੜੀ, ਤਕਨਾਲੋਜੀ, ਨਵੇਂ ਅਤੇ ਉੱਭਰ ਰਹੇ ਖੇਤਰ, ਸੱਭਿਆਚਾਰ ਅਤੇ ਲੋਕਾਂ-ਤੋਂ-ਲੋਕਾਂ ਦੇ ਸਬੰਧਾਂ ਸਮੇਤ ਕਈ ਵਿਸ਼ਿਆਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ। ਉਨ੍ਹਾਂ ਨੇ ਖੇਤਰੀ ਅਤੇ ਆਲਮੀ ਹਿੱਤਾਂ ਦੇ ਮੁੱਦਿਆਂ 'ਤੇ ਵੀ ਚਰਚਾ ਕੀਤੀ।

-----------------------------------------------------------------------------

ਲੋਕ ਸਭਾ ਨੇ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਗਰੰਟੀ ਮਿਸ਼ਨ - ਗ੍ਰਾਮੀਣ: ਵਿਕਸਿਤ ਭਾਰਤ ਦਿਹਾਤੀ ਵਿਕਾਸ ਬਿੱਲ- ਜੀ-ਰਾਮ-ਜੀ-2025 ਪਾਸ ਕਰ ਦਿੱਤਾ ਏ । ਇਹ ਬਿੱਲ 20 ਸਾਲ ਪੁਰਾਣੇ ਮਹਾਤਮਾ ਗਾਂਧੀ ਰਾਸ਼ਟਰੀ ਦਿਹਾਤੀ ਰੁਜ਼ਗਾਰ ਗਰੰਟੀ ਐਕਟ, ਮਨਰੇਗਾ 2005 ਦੀ ਥਾਂ ਲਵੇਗਾ। ਇਸ ਬਿੱਲ ਦਾ ਉਦੇਸ਼, ਦੇਸ਼ ਨੂੰ 2047 ਤੱਕ ਵਿਕਸਿਤ ਭਾਰਤ ਬਣਾਉਣ ਦੇ ਰਾਸ਼ਟਰੀ ਦ੍ਰਿਸ਼ਟੀਕੋਣ ਨਾਲ ਜੁੜੇ ਦਿਹਾਤੀ ਵਿਕਾਸ ਢਾਂਚੇ ਨੂੰ ਸਥਾਪਤ ਕਰਨਾ ਏ। ਬਿੱਲ 'ਤੇ ਚਰਚਾ ਦਾ ਜਵਾਬ ਦਿੰਦਿਆਂ, ਕੇਂਦਰੀ ਦਿਹਾਤੀ ਵਿਕਾਸ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ, ਮਨਰੇਗਾ ਯੋਜਨਾ ਨੂੰ ਸਹੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਗਿਆ ਏ।

BYTE:RNU181225

ਉਨ੍ਹਾਂ ਕਿਹਾ ਕਿ ਮਨਰੇਗਾ ਤਹਿਤ, UPA ਸਰਕਾਰ ਨੇ ਸਿਰਫ ਦੋ ਲੱਖ 13 ਹਜ਼ਾਰ ਕਰੋੜ ਰੁਪਏ ਖਰਚ ਕੀਤੇ ਸਨ, ਜਦੋਂ ਕਿ ਨਰੇਂਦਰ ਮੋਦੀ ਸਰਕਾਰ ਨੇ ਅੱਠ ਲੱਖ 53 ਹਜ਼ਾਰ ਕਰੋੜ ਰੁਪਏ ਤੋਂ ਵੱਧ ਖਰਚ ਕੀਤੇ ਸਨ। ਕੇਂਦਰੀ ਮੰਤਰੀ ਨੇ ਕਿਹਾ ਕਿ ਨਵਾਂ ਕਾਨੂੰਨ ਸਾਰੇ ਰਾਜਾਂ ਨੂੰ ਨਿਆਂ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਬਿੱਲ ਦੇ ਉਪਬੰਧਾਂ ਨੂੰ ਹੁਣ

ਪਾਰਦਰਸ਼ਤਾ ਯਕੀਨੀ ਬਣਾਉਣ, ਵਧੇਰੇ ਰੁਜ਼ਗਾਰ ਪੈਦਾ ਕਰਨ ਅਤੇ ਵਿਕਸਤ ਪਿੰਡਾਂ ਦੇ ਨਿਰਮਾਣ ਲਈ ਮਜ਼ਬੂਤ ਕੀਤਾ ਗਿਆ ਏ।

---------------------------------------------------------------------------------

ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਚਲ ਰਹੀ ਮੁਹਿੰਮ ਤਹਿਤ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਫਾਜ਼ਿਲਕਾ ਵਿਚ ਇਕ ਪ੍ਰੋਗਰਾਮ ਦੌਰਾਨ ਵੀਡੀਓ ਕਾਨਫਰੰਸਿੰਗ ਰਾਹੀਂ ਸੰਬੋਧਨ ਕੀਤਾ । ਰਾਜਪਾਲ ਨੇ ਸਰਹੱਦੀ ਲੋਕਾਂ ਦੀ ਬਹਾਦਰੀ ਪਾਏ ਵਡਮੁੱਲੇ ਯੋਗਦਾਨ ਅਤੇ ਖਾਸ ਕਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਵੀ ਕੀਤਾ । BYTE :RNU181225

ਇਸ ਮਗਰੋਂ ਪੰਜਾਬ ਰੈੱਡ ਕਰਾਸ ਸੋਸਾਇਟੀ ਅਤੇ ਕਰਨ ਗਿਲਹੋਤਰਾ ਫਾਊਂਡੇਸ਼ਨ ਦੇ ਸਾਂਝੇ ਉਪਰਾਲੇ ਨਾਲ ਨਸ਼ਾ ਵਿਰੋਧੀ ਜਾਗਰੂਕਤਾ ਪੈਦਲ ਮਾਰਚ ਕੱਢਿਆ ਗਿਆ । ਇਸ ਦੌਰਾਨ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਅਤੇ ਐਸ.ਐਸ.ਪੀ ਗੁਰਮੀਤ ਸਿੰਘ ਵੀ ਸ਼ਾਮਿਲ ਹੋਏ। ਗਿਲਹੋਤਰਾ ਫਾਊਂਡੇਸ਼ਨ ਦੇ ਸੰਸਥਾਪਕ ਕਰਨ ਗਿਲਹੋਤਰਾ ਨੇ ਦੱਸਿਆ ਕਿ ਇਹ ਮਾਰਚ ਸੰਜੀਵ ਸਿਨੇਮਾ ਚੌਕ ਤੋਂ ਸ਼ੁਰੂ ਹੋਇਆ ਅਤੇ ਵੀ ਵੱਖ ਵੱਖ ਬਾਜ਼ਾਰਾਂ ਤੋਂ ਹੁੰਦਾ ਹੋਇਆ ਇਤਿਹਾਸਕ ਘੰਟਾਘਰ ਚੌਕ ‘ਤੇ ਸਮਾਪਤ ਹੋਇਆ । ਇਸ ਦੌਰਾਨ ਪਰਿਵਾਰਾਂ ਅਤੇ ਸਮਾਜ ‘ਤੇ ਨਸ਼ਿਆਂ ਦੇ ਮਾੜੇ ਪੈਂਦੇ ਪ੍ਰਭਾਵਾਂ ਅਤੇ ਇਸ ਬੁਰਾਈ ਨੂੰ ਖਤਮ ਕਰਨ ਵਿੱਚ ਸਮਾਜ

ਦੀ ਭੂਮਿਕਾ ਬਾਰੇ ਵੀ ਜਾਗਰੂਕਤਾ ਫੈਲਾਈ ਗਈ ।

---------------------------------------------------------------------------------

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ 2 ਹਜ਼ਾਰ 900 ਕਰੋੜ ਤੋਂ ਵੱਧ ਦਾ ਨਿਵੇਸ਼ ਕੀਤਾ ਏ । ਉਨ੍ਹਾਂ ਕਿਹਾ ਕਿ ਇਸ ਮਹੱਤਵਪੂਰਨ ਨਿਵੇਸ਼ ਨੇ ਮੁੱਖ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਪੂਰਾ ਕਰਨ, ਨਵੀਆਂ ਤਕਨਾਲੋਜੀਆਂ ਦੀ ਤਾਇਨਾਤੀ ਅਤੇ ਪਾਣੀ ਦੀ ਗੁਣਵੱਤਾ ਅਤੇ ਸੈਨੀਟੇਸ਼ਨ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਏ , ਜਿਸ ਨਾਲ ਪੇਂਡੂ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ ਲੋਕਾਂ ਦੇ ਰੋਜ਼ਾਨਾ ਜੀਵਨ ਪੱਧਰ ਵਿੱਚ ਮਹੱਤਵਪੂਰਨ ਸੁਧਾਰ ਹੋਇਆ ਏ । ਉਨ੍ਹਾਂ ਦੱਸਿਆ ਕਿ ਇਸ ਵੇਲੇ, 100 ਫੀਸਦੀ ਕਵਰੇਜ ਦੇ ਨਾਲ, ਸੂਬੇ ਦੇ 34 ਲਖ ਤੋਂ ਵੱਧ ਪਰਿਵਾਰਾਂ ਨੂੰ ਸੁਰੱਖਿਅਤ ਅਤੇ ਸਾਫ਼ ਪੀਣ ਵਾਲਾ ਪਾਣੀ ਮੁਹਈਆ ਕੀਤਾ ਜਾ ਰਿਹਾ ਏ । ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵਿੱਤੀ ਸਾਲ 2025-26 ਲਈ ਪੇਂਡੂ ਵਿਕਾਸ ਅਧੀਨ ਸੈਨੀਟੇਸ਼ਨ ਸੈਕਟਰ ਲਈ 2 ਹਜ਼ਾਰ 190 ਕਰੋੜ ਤੋਂ ਵੱਧ ਦੀ ਸਾਲਾਨਾ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਏ । ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਪੇਂਡੂ

ਖੇਤਰਾਂ ਵਿੱਚ ਹਰ ਘਰ ਨੂੰ ਟੂਟੀ ਰਾਹੀਂ ਸਾਫ਼ ਪਾਣੀ ਮੁਹੱਈਆ ਕਰਵਾਉਣ ਦਾ ਟੀਚਾ ਪ੍ਰਾਪਤ ਕਰਨ ਵਾਲਾ ਦੇਸ਼ ਦਾ ਪੰਜਵਾਂ ਸੂਬਾ ਬਣ ਗਿਆ ਏ । ਉਨ੍ਹਾਂ ਦੱਸਿਆ ਕਿ ਪਾਣੀ ਦੀ ਗੁਣਵੱਤਾ ਪ੍ਰਭਾਵਿਤ ਖੇਤਰਾਂ ਵਿੱਚ ਸਾਫ਼ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ, 1706 ਪਿੰਡਾਂ ਨੂੰ ਕਵਰ ਕਰਨ ਵਾਲੇ 15 ਵੱਡੇ ਸਤਹੀ ਜਲ ਸਪਲਾਈ ਪ੍ਰੋਜੈਕਟਾਂ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ। ਇਨ੍ਹਾਂ ਵਿੱਚੋਂ ਚਾਰ ਪ੍ਰੋਜੈਕਟ ਪਹਿਲਾਂ ਹੀ ਚਾਲੂ ਹੋ ਚੁੱਕੇ ਨੇ ਜਦੋਂ ਕਿ 11 ਪ੍ਰੋਜੈਕਟ ਮੁਕੰਮਲ ਹੋਣ ਦੇ ਨੇੜੇ ਨੇ ।

---------------------------------------------------------------------------------

ਸ਼ਹੀਦਾਂ ਦੀ ਪਵਿੱਤਰ ਧਰਤੀ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਆਯੋਜਿਤ ਕੀਤੀ ਜਾ ਰਹੀ ਸ਼ਹੀਦੀ ਸਭਾ ਲਈ ਜਾ ਰਹੇ ਵੱਖ- ਵੱਖ ਪ੍ਰਬੰਧਾਂ ਦੀ ਸਮੀਖਿਆ ਕਰਨ ਲਈ ਅੱਜ, ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਪ੍ਰਸ਼ਾਸਨ ਤੇ ਪੁਲਿਸ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹੀਦੀ ਸਭਾ ਦੌਰਾਨ ਦੇਸ਼ ਵਿਦੇਸ਼ ਤੋਂ ਲਗਭਗ 50 ਲੱਖ ਸ਼ਰਧਾਲੂਆਂ ਦੇ ਨਤਮਸਤਕ ਹੋਣ ਲਈ ਪਹੁੰਚਣ ਦੀ ਸੰਭਾਵਨਾ ਦੇ ਮੱਦੇਨਜ਼ਰ, ਪੰਜਾਬ ਸਰਕਾਰ ਵੱਲੋਂ ਵਿਆਪਕ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਸੰਗਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ। ਸਿਹਤ ਮੰਤਰੀ ਨੇ ਦੱਸਿਆ ਕਿ ਠੰਡ ਦਾ ਮੌਸਮ ਹੋਣ

ਕਾਰਨ ਸੰਗਤਾਂ ਲਈ ਸਰਵੋਤਮ ਮੈਡੀਕਲ ਸੁਵਿਧਾਵਾਂ ਦਾ ਪ੍ਰਬੰਧ ਕੀਤਾ ਗਿਆ ਏ  ਜਿਸ ਤਹਿਤ ਜਿੱਥੇ ਮਹਿਜ਼ 500 ਮੀਟਰ ਦੀ ਦੂਰੀ ਉੱਤੇ ਆਰਜ਼ੀ ਆਮ ਆਦਮੀ ਕਲੀਨਿਕ ਸੇਵਾਵਾਂ ਪ੍ਰਦਾਨ ਕਰਨਗੇ, ਉਥੇ ਹੀ 24 ਘੰਟੇ ਐਮਰਜੈਂਸੀ ਸੇਵਾਵਾਂ ਅਤੇ ਡਿਸਪੈਂਸਰੀਆਂ ਵਿੱਚ ਮਾਹਿਰ ਡਾਕਟਰ ਤੈਨਾਤ ਰਹਿਣਗੇ। ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸ਼ਹੀਦੀ ਸਭਾ ਦੌਰਾਨ 20 ਆਰਜ਼ੀ ਆਮ ਆਦਮੀ ਕਲੀਨਿਕ ਸਿਹਤ ਸੇਵਾਵਾਂ ਪ੍ਰਦਾਨ ਕਰਨਗੇ। ਉਹਨਾਂ ਦੱਸਿਆ ਕਿ ਇਸ ਦੌਰਾਨ 60 ਦੇ ਕਰੀਬ ਐਬੂਲੈਂਸਾਂ, ਲੋੜਵੰਦਾਂ ਨੂੰ ਫੌਰੀ ਐਮਰਜੈਂਸੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਕਾਰਜਸ਼ੀਲ ਰਹਿਣਗੀਆਂ। ਉਹਨਾਂ ਦੱਸਿਆ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ 25 ਅਤੇ 26 ਦਸੰਬਰ ਨੂੰ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿੱਚ ਸ਼ਰਧਾਲੂ ਸਵੈ ਇੱਛਾ ਨਾਲ ਖ਼ੂਨਦਾਨ ਕਰ ਸਕਣਗੇ। ਉਹਨਾਂ ਇਹ ਵੀ ਦੱਸਿਆ ਕਿ ਕੈਂਪ ਦੌਰਾਨ ਲੋੜ ਅਨੁਸਾਰ ਹੀ ਖ਼ੂਨ ਇਕੱਤਰ ਕੀਤਾ ਜਾਵੇਗਾ ਅਤੇ ਖ਼ੂਨਦਾਨੀਆਂ ਦੀ ਗਿਣਤੀ ਵਧਣ ਤੇ ਉਹਨਾਂ ਦਾ ਨਾਮ ਰਜਿਸਟਰ ਕਰ ਲਿਆ ਜਾਵੇਗਾ ਤਾਂ ਜੋ ਭਵਿੱਖੀ ਲੋੜ ਅਨੁਸਾਰ ਖ਼ੂਨਦਾਨ ਕਰਵਾਇਆ ਜਾ ਸਕੇ। ਸਿਹਤ ਮੰਤਰੀ ਨੇ ਕਿਹਾ ਕਿ ਸ਼ਹੀਦਾਂ ਦੀ ਮਹਾਨ ਸ਼ਹਾਦਤ ਨੂੰ ਨਮਨ ਕਰਦੇ ਹੋਏ ਇਸ ਪਵਿੱਤਰ ਧਰਤੀ ਤੋਂ ਅੰਗ ਦਾਨ ਕਰਨ ਦੀ ਮੁਹਿੰਮ ਨੂੰ ਲੋਕ ਲਹਿਰ ਵਜੋਂ ਵਿਕਸਿਤ ਕਰਦੇ ਹੋਏ ਵੱਧ ਤੋਂ

ਵੱਧ ਨਾਗਰਿਕਾਂ ਨੂੰ ਇਹ ਪ੍ਰਣ ਦਿਵਾਇਆ ਜਾਵੇਗਾ ਕਿ ਉਹ ਮਰਨ ਉਪਰੰਤ ਅੰਗ ਦਾਨ ਕਰਕੇ ਹੋਰ ਨਾਲ ਲੋੜਵੰਦਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਵਿੱਚ ਯੋਗਦਾਨ ਪਾਉਣਗੇ।

-------------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਇੱਕ ਕਾਰਟੈਲ ਦਾ ਪਰਦਾਫਾਸ਼ ਕਰਦਿਆਂ ਤਿੰਨ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਪੁਲਿਸ ਨੇ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਇਨਾ ਮੁਲਜ਼ਮਾਂ ਕੋਲੋਂ ਸਾਢੇ 4 ਕਿਲੋ ਹੈਰੋਇਨ ਅਤੇ ਇੱਕ ਪਿਸਤੌਲ ਬਰਾਮਦ ਕੀਤਾ ਏ । ਅੰਮ੍ਰਿਤਸਰ ਤੋਂ ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ ।

BYTE:RNU181225

ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਇੱਕ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਸਨ ਅਤੇ, ਉਸਦੇ ਨਿਰਦੇਸ਼ਾਂ 'ਤੇ, ਉਹ ਵੱਖ-ਵੱਖ ਥਾਵਾਂ 'ਤੇ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਪਹੁੰਚਾ ਰਹੇ ਸਨ ਅਤੇ ਸਪਲਾਈ ਕਰ ਰਹੇ ਸਨ। ਨਸ਼ਿਆਂ ਨੂੰ ਰੋਕਣ ਬਤਰੇ ਐਕਟ ਅਤੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਏ । ਅਗਲੇਰੀ

ਜਾਂਚ ਜਾਰੀ ਏ ।

---------------------------------------------------------------------------

ਮੁਹਾਲੀ ਜ਼ਿਲ੍ਹੇ ਵਿੱਚ ਖੁੰਬਾਂ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਮੁਹਾਲੀ ਕ੍ਰਿਸ਼ੀ ਵਿਗਿਆਨ ਕੇਂਦਰ ਵਲੋਂ ਕਿੱਤਾ ਮੁਖੀ ਸਿਖਲਾਈ ਕੋਰਸ ਲਗਾਇਆ ਗਿਆ, ਜਿਸ ਵਿੱਚ 25 ਕਿਸਾਨ ਵੀਰਾਂ, ਭੈਣਾਂ ਅਤੇ ਨੌਜਵਾਨਾਂ ਨੇ ਹਿੱਸਾ ਲਿਆ। ਇਸ ਮੌਕੇ ਡਾ. ਬਲਬੀਰ ਸਿੰਘ ਖੱਦਾ ਨੇ ਖੁੰਬਾਂ ਦੀ ਮਹੱਤਤਾ ਬਾਰੇ ਦੱਸਿਆ। ਪ੍ਰੋਗਰਾਮ ਇੰਚਾਰਜ ਡਾ. ਹਰਮੀਤ ਕੌਰ ਅਤੇ ਡਾ.ਪਾਰੁਲ ਗੁਪਤਾ ਨੇ ਸਿਖਿਆਰਥੀਆਂ ਨੂੰ ਪੰਜਾਬ ਵਿੱਚ ਹੋਣ ਵਾਲੀਆਂ ਖੁੰਬਾਂ ਦੀ ਕਾਸ਼ਤ ਅਤੇ ਉਹਨਾਂ ਦੀ ਗੁਣਵੱਤਾ ਅਤੇ ਮੁੱਲ ਵਰਧਕ ਉਤਪਾਦਾਂ ਸੰਬੰਧੀ ਜਾਣਕਾਰੀ ਦਿੱਤੀ। ਫਾਰਮ ਸਲਾਹਕਾਰ ਸੇਵਾ ਕੇਂਦਰ,ਰੂਪਨਗਰ ਤੋਂ ਡਾ. ਅਵਨੀਤ ਕੌਰ ਨੇ ਬਟਨ ਖੁੰਬਾਂ ਲਈ ਕੰਪੋਸਟ ਬਣਾਉਣ ਦੀ ਜਾਣਕਾਰੀ ਦਿੱਤੀ।

---------------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ ਵਿਚ ਵੀ ਸੰਘਣੀ ਧੁੰਦ ਰਹਿਣ ਦੀ ਪੇਸ਼ੀਨਗੋਈ ਕੀਤੀ ਗਈ ਏ ।ਮੌਸਮ ਵਿਭਾਗ ਨੇ ਉੱਤਰਾਖੰਡ ਦੇ ਕੁਝ ਹਿੱਸਿਆਂ ਵਿੱਚ ਸੀਤ ਲਹਿਰ ਦੀ ਸੰਭਾਵਨਾ ਵੀ ਜਤਾਈ ਏ । ਇਸ ਦੌਰਾਨ, ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਵਿੱਚ ਹਵਾ ਦੀ ਗੁਣਵੱਤਾ ਬਹੁਤ ਮਾੜੇ ਪੱਧਰ ਤੇ ਬਣੀ ਹੋਈ ਏ । ਕੇਂਦਰੀ ਪ੍ਰਦੂਸ਼ਣ

ਕੰਟਰੋਲ ਬੋਰਡ ਦੇ ਅਨੁਸਾਰ, ਅੱਜ ਦੁਪਹਿਰ 1 ਵਜੇ ਤੱਕ ਰਾਸ਼ਟਰੀ ਰਾਜਧਾਨੀ ਦਾ ਔਸਤ ਹਵਾ ਗੁਣਵੱਤਾ ਸੂਚਕਾਂਕ 361 ਦਰਜ ਕੀਤਾ ਗਿਆ।

------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਅੱਜ ਓਮਾਨ ਦੇ ਸੁਲਤਾਨ ਨੇ , ਓਮਾਨ ਦੇ ਵੱਕਾਰੀ ਨਾਗਰਿਕ ਸਨਮਾਨ, 'ਆਰਡਰ ਆਫ਼ ਓਮਾਨ' ਨਾਲ ਸਨਮਾਨਿਤ ਕੀਤਾ।
- -ਲੋਕ ਸਭਾ ਨੇ ਵਿਕਸਿਤ ਭਾਰਤ - ਰੁਜ਼ਗਾਰ ਅਤੇ ਆਜੀਵਿਕਾ ਗਰੰਟੀ ਮਿਸ਼ਨ - ਗ੍ਰਾਮੀਣ: ਵਿਕਸਿਤ ਭਾਰਤ ਦਿਹਾਤੀ ਵਿਕਾਸ ਬਿੱਲ- ਜੀ-ਰਾਮ-ਜੀ-2025 ਪਾਸ ਕੀਤਾ ।
- -ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਫਾਜ਼ਿਲਕਾ 'ਚ ਨਸ਼ਿਆਂ ਖ਼ਿਲਾਫ਼ ਚੱਲ ਰਹੀ ਮੁਹਿੰਮ ਤਹਿਤ ਨੌਜਵਾਨਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਸੰਬੋਧਨ ਕੀਤਾ-ਨਸ਼ਿਆਂ ਤੋਂ ਦੂਰ ਰਹਿਣ ਲਈ ਕੀਤਾ ਪ੍ਰੇਰਿਤ ।
- -ਪੰਜਾਬ ਸਰਕਾਰ ਵਲੋਂ ਸੂਬੇ ਭਰ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਹੁਣ ਤੱਕ 2 ਹਜ਼ਾਰ 900 ਕਰੋੜ ਤੋਂ ਵੱਧ ਦਾ ਨਿਵੇਸ਼ । ਅਤੇ

- -ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਇੱਕ ਕਾਰਟੈਲ ਦਾ ਪਰਦਾਫਾਸ਼ ਕਰਦਿਆਂ ਤਿੰਨ ਤਸਕਰਾਂ ਨੂੰ ਸਾਢੇ 4 ਕਿਲੋ ਹੈਰੋਇਨ ਅਤੇ ਇੱਕ ਪਿਸਤੌਲ ਸਮੇਤ ਕੀਤਾ ਗ੍ਰਿਫਤਾਰ I

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ** !